





ਸਰਕਾਰੀ ਸੀ. ਸੈਕੰ. ਸਕੂਲ (ਲੜਕੇ) ਬੱਧਨੀ ਕਲਾਂ ਵਿਖੇ ਨਸ਼ਾ ਰੋਕਥਾਮ ਅਤੇ ਕਮਿਊਨਿਟੀ ਭਲਾਈ ਸਬੰਧੀ ਲਗਾਏ ਕੈਂਪ ਮੌਕੇ ਸੰਬੋਧਨ ਕਰਦੇ ਹੋਏ ਥਾਣਾ ਮੁਖੀ ਰਾਜ ਸਿੰਘ। ਤਸਵੀਰ : ਸੰਜੀਵ ਕੋਛੜ

# ਨਸ਼ਾ ਰੋਕਥਾਮ ਅਤੇ ਕਮਿਊਨਿਟੀ ਭਲਾਈ ਸੰਬੰਧੀ ਕੈਂਪ ਲਗਾਇਆ

ਬੱਧਨੀ ਕਲਾਂ, 28 ਅਕਤੂਬਰ (ਸੰਜੀਵ ਕੋਛੜ)-ਸਬ ਇੰਸਪੈਕਟਰ ਰਾਜ ਸਿੰਘ ਥਾਣਾ ਮੁੱਖ ਅਫ਼ਸਰ ਬੱਧਨੀ ਕਲਾਂ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) 'ਚ ਨਸ਼ਾ ਰੋਕਥਾਮ ਅਤੇ ਕਮਿਊਨਿਟੀ ਭਲਾਈ ਸੰਬੰਧੀ ਸੈਮੀਨਾਰ ਕਰਵਾਇਆ ਗਿਆ। ਥਾਣਾ ਮੁੱਖ ਅਫ਼ਸਰ ਰਾਜ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ ਮਾਨਸਿਕ ਤੇ ਸਮਾਜਿਕ ਨੁਕਸਾਨਾਂ ਬਾਰੇ ਜਾਣੂੰ ਕਰਵਾਉਂਦਿਆਂ ਕਿਹਾ ਕਿ ਨਸ਼ਾ ਨਾ ਸਿਰਫ਼ ਜੀਵਨ ਨੂੰ ਬਰਬਾਦ ਕਰਦਾ ਹੈ, ਸਗੋਂ ਪਰਿਵਾਰ ਅਤੇ ਸਮਾਜ 'ਤੇ ਵੀ ਇਸੇ ਦੇ ਬੁਰੇ ਪ੍ਰਭਾਵ ਪੈਂਦੇ ਹਨ ਨਸ਼ਾ ਤਸਕਰੀ ਨੂੰ ਜੜੋ ਖ਼ਤਮ ਕਰਨ ਲਈ ਸੇਫ਼ ਪੰਜਾਬ ਐਪ ਦੀ ਲੋੜ ਤੇ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਹੈਲਪ ਲਾਈਨ ਨੰਬਰ 97791-00200 ਦੀ ਵਰਤੋ ਕਰਨ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਿਹੜੀ ਵੀ ਵਿਅਕਤੀ ਇਸ ਨੰਬਰ 'ਤੇ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਸਾਂਝੀ ਕਰੇਗਾ ਉਸ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਸਾਈਬਰ ਕ੍ਰਾਈਮ ਦੀ ਸੂਚਨਾ ਦੇਣ ਲਈ ਰਾਸ਼ਟਰੀ ਹੈਲਪ ਲਾਈਨ ਨੰਬਰ 1930 ਬਾਰੇ ਦੱਸਿਆ ਗਿਆ ਅਤੇ ਵਿਦਿਆਰਥੀਆਂ ਨੂੰ ਬੇਝਿਜਕ ਸਹਾਇਤਾ ਲੈਣ ਲਈ ਉਤਸ਼ਾਹਿਤ ਕੀਤਾ ਗਿਆ। ਟ੍ਰੈਫਿਕ ਨਿਯਮਾਂ ਦੀ ਪਾਲਣਾ ਅਤੇ ਸੜਕ ਸੁਰੱਖਿਆ ਬਾਰੇ ਖ਼ਾਸ ਤੌਰ 'ਤੇ ਜਾਣਕਾਰੀ ਸਾਂਝੀ ਕੀਤੀ ਗਈ। ਸੈਮੀਨਾਰ ਦੌਰਾਨ ਸਰਦਾਰ ਵੱਲਭ ਭਾਈ ਪਟੇਲ ਜੀ ਦੇ ਰਾਸ਼ਟਰ ਨਿਰਮਾਣ 'ਚ ਨਿਰਮਾਣ ਵਿਚ ਦਿੱਤੇ ਯੋਗਦਾਨ ਤੇ ਏਕਤਾ ਦਿਵਸ ਬਾਰੇ ਵੀ ਯਾਦਗਾਰੀ ਬਿਆਨ ਦਿੱਤਾ ਗਿਆ ਜਿਸ ਨਾਲ ਵਿਦਿਆਰਥੀਆਂ ਵਿਚ ਦੇਸ਼ ਪ੍ਰੇਮ, ਨੇਤ੍ਰ ਤਵ ਅਤੇ ਏਕਤਾ ਦਾ ਪ੍ਰੇਰਨਾ ਜਾਗਰੂਕ ਹੋਈ।




ਮਿਸ ਨੀਲਮ ਅਰੋੜਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ, ਮੋਗਾ ਨੈਸ਼ਨਲ ਲੋਕ ਅਦਾਲਤ ਲਈ ਮੀਟਿੰਗ ਕਰਦੇ ਹੋਏ। ਅਜੀਤ ਤਸਵੀਰ

# 13 ਦਸੰਬਰ ਨੂੰ ਹੋਵੇਗੀ ਰਾਸ਼ਟਰੀ ਲੋਕ ਅਦਾਲਤ-ਮਿਸ ਨੀਲਮ ਅਰੋੜਾ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ)-ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਿਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 13 ਦਸੰਬਰ 2025 ਨੂੰ ਮੋਗਾ, ਨਿਹਾਲ ਸਿੰਘ ਵਾਲਾ ਅਤੇ ਬਾਘਾ ਪੁਰਾਣਾ ਦੀਆਂ ਅਦਾਲਤਾਂ ਅਤੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਵਿਖੇ ਰਾਸ਼ਟਰੀ ਲੋਕ ਅਦਾਲਤ ਲਗਾਈ ਜਾ ਰਹੀ ਹੈ। ਲੋਕ ਅਦਾਲਤ ਦਾ ਵੱਧ ਤੋਂ ਵੱਧ ਲੋੜਵੰਦਾਂ ਤੱਕ ਲਾਭ ਪਹੁੰਚਾਉਣ ਦੇ ਮਕਸਦ ਨਾਲ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਮੋਗਾ ਮਿਸ ਨੀਲਮ ਅਰੋੜਾ ਵਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਜ਼ਿਲ੍ਹਾ ਲੀਡ ਬੈਂਕ ਮੈਨੇਜਰ, ਵਾਟਰ ਅਤੇ ਸੈਨੀਟੇਸ਼ਨ ਵਿਭਾਗ, ਬੀ. ਐਸ. ਐਨ. ਐਲ, ਵੱਖ-ਵੱਖ ਬੈਂਕਾਂ ਦੇ ਮੈਨੇਜਰਾਂ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਮੀਟਿੰਗ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿਚ ਅਦਾਲਤੀ ਅਤੇ ਪ੍ਰੀ-ਲੀਟੀਗੇਟਿਵ ਪੜਾਅ ਤੇ ਆਏ ਰਾਜ਼ੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ। ਇਸ ਲੋਕ ਅਦਾਲਤ ਵਿਚ ਦੀਵਾਨੀ ਕੇਸ, ਘਰੇਲੂ ਝਗੜੇ, ਮੋਟਰ ਵਹੀਕਲ ਸੜਕ ਦੁਰਘਟਨਾਵਾਂ ਦੇ ਮੁਆਵਜ਼ੇ ਦੇ ਮਸਲੇ, ਜ਼ਮੀਨੀ ਝਗੜੇ ਦੇ ਮਸਲੇ, ਬਿਜਲੀ ਚੋਰੀ ਦੇ ਮਸਲੇ, ਚੈੱਕ ਬਾਊਂਸਿੰਗ ਦੇ ਮਸਲੇ, ਟ੍ਰੈਫਿਕ ਚਲਾਨ, ਰਿਕਵਰੀ ਸੂਟ, ਲੇਬਰ ਆਦਿ ਦੇ ਮਸਲੇ ਲਗਾਏ ਜਾ ਸਕਦੇ ਹਨ।



ਮੀਟਿੰਗ ਦੌਰਾਨ ਸੂਬਾ ਆਗੂ ਲਖਵੀਰ ਸਿੰਘ ਦੌਧਰ ਤੇ ਹੋਰ ਆਗੂ ਤੇ ਵਰਕਰ। ਤਸਵੀਰ:ਕਲਸੀ

# ਪਰਾਲੀ ਸਾੜਨ ਦੇ ਮਾਮਲੇ 'ਚ ਕਿਸਾਨਾਂ ਨਾਲ ਧੱਕਾ ਬਰਦਾਸ਼ਤ ਨਹੀਂ ਹੋਵੇਗਾ-ਦੌਧਰ

ਕਿਸ਼ਨਪੁਰਾ ਕਲਾਂ, 28 ਅਕਤੂਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾ ਆਗੂ ਲਖਵੀਰ ਸਿੰਘ ਦੌਧਰ ਦੀ ਅਗਵਾਈ ਹੇਠ ਕਸਬਾ ਕਿਸ਼ਨਪੁਰਾ ਕਲਾਂ ਦੇ ਪੰਥਕ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਲਖਵੀਰ ਸਿੰਘ ਦੌਧਰ ਨੇ ਕਿਹਾ ਕਿ ਪਰਾਲੀ ਸਾੜਨ ਦੇ ਮਾਮਲੇ 'ਚ ਕਿਸਾਨਾਂ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰਾਂ ਆਪਣੇ ਵਾਅਦੇ ਤੋਂ ਭੱਜਣ ਦੇ ਨਾਲ ਹੀ ਇਸ ਕਾਰਜ ਲਈ ਸਿਰਫ ਕਿਸਾਨਾਂ ਨੂੰ ਦੋਸ਼ੀ ਗਰਦਾਨ ਰਹੀਆਂ ਹਨ। ਉਨ੍ਹਾਂ ਆਖਿਆ ਕਿ ਪਰਾਲੀ ਸਾੜਨਾ ਸਾਡਾ ਸ਼ੌਕ ਨਹੀਂ ਬਲਕਿ ਮਜਬੂਰੀ ਹੈ। ਕਿਸਾਨ ਆਗੂ ਨੇ ਕਿਹਾ ਕਿ ਜੇਕਰ ਪਰਾਲੀ ਪ੍ਰਬੰਧਨ ਲਈ ਸਰਕਾਰ ਪ੍ਰਤੀ ਕੁਇੰਟਲ 200 ਅਤੇ ਪ੍ਰਤੀ ਏਕੜ 2500 ਰੁਪਏ ਮੁਆਵਜ਼ਾ ਅਦਾ ਕਰੇ ਤਾਂ ਕੋਈ ਵੀ ਕਿਸਾਨ ਪਰਾਲੀ ਨਹੀਂ ਸਾੜੇਗਾ। ਸੂਬਾ ਆਗੂ ਲਖਵੀਰ ਸਿੰਘ ਦੌਧਰ ਨੇ ਕਿਸਾਨਾਂ 'ਤੇ ਦਰਜ ਕੀਤੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਕੀਤੇ ਜੁਰਮਾਨੇ ਨਹੀਂ ਭਰਨਗੇ ਅਤੇ ਜੇਕਰ ਕਿਸੇ ਵੀ ਕਿਸਾਨ ਨੂੰ ਜੇਲ੍ਹ ਭੇਜਿਆ ਗਿਆ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਇਸ ਮੀਟਿੰਗ ਦੌਰਾਨ ਪ੍ਰਧਾਨ ਮਹਿੰਦਰ ਸਿੰਘ ਮਾਨ, ਜਗਮੋਹਨ ਸਿੰਘ ਪ੍ਰੈੱਸ ਸਕੱਤਰ, ਚਮਕੌਰ ਸਿੰਘ ਦੱਦਾਹੂਰ, ਰਾਜੂ ਪਤੋ, ਸੁਖਜੀਤ ਸਿੰਘ ਦੌਧਰ, ਕਰਮਜੀਤ ਸਿੰਘ ਦੌਧਰ, ਜ਼ਿਲ੍ਹਾ ਆਗੂ ਬਲਜਿੰਦਰ ਸਿੰਘ ਸੰਧੂ, ਇਕਾਈ ਪ੍ਰਧਾਨ ਅਜਮੇਰ ਸਿੰਘ ਮਾਨ, ਗੁਰਮੀਤ ਸਿੰਘ ਰਾਜਾ ਮੱਟੂ, ਦਰਸ਼ਨ ਸਿੰਘ ਮਾਨ, ਡਾ. ਰਣਜੀਤ ਸਿੰਘ, ਇਕਬਾਲ ਸਿੰਘ, ਇੰਦਰਜੀਤ ਸਿੰਘ ਹੈਪੀ, ਜਸਪ੍ਰੀਤ ਸਿੰਘ, ਗੁਰਮੀਤ ਸਿੰਘ ਲਾਡੀ ਆਦਿ ਹਾਜ਼ਰ ਸਨ।

# ਭਾਜਪਾ ਆਗੂਆਂ ਵਲੋਂ ਲੋੜਵੰਦ ਵਿਅਕਤੀ ਨੂੰ ਵੀਲ੍ਹ ਚੇਅਰ ਭੇਟ

ਬਾਘਾ ਪੁਰਾਣਾ, 28 ਅਕਤੂਬਰ (ਟਿੰਕੂ ਕਾਠਪਾਲ)-ਭਾਰਤੀ ਜਨਤਾ ਪਾਰਟੀ ਦੇ ਸਮਾਜ ਸੇਵਾ ਪ੍ਰਤੀ ਜਜ਼ਬੇ ਦਾ ਜੀਵੰਤ ਉਦਾਹਰਨ ਉਸ ਵੇਲੇ ਦੇਖਣ ਨੂੰ ਮਿਲਿਆ ਜਦੋਂ ਮੰਡਲ ਪ੍ਰਧਾਨ ਦੀਪਕ ਤਲਵਾੜ ਅਤੇ ਮੀਤ ਪ੍ਰਧਾਨ ਪੰਜਾਬ ਜਸਪਾਲ ਸਿੰਘ ਵਲੋਂ ਇਕ ਲੋੜਵੰਦ ਵਿਅਕਤੀ ਮੇਜਰ ਸਿੰਘ ਨੂੰ ਵੀਲ੍ਹ ਚੇਅਰ ਭੇਟ ਕੀਤੀ ਗਈ। ਮੇਜਰ ਸਿੰਘ ਕਾਫ਼ੀ ਸਮੇਂ ਤੋਂ ਸਰੀਰਕ ਤੌਰ 'ਤੇ ਅਸਮਰਥ ਹਨ ਅਤੇ ਇਕ ਥਾਂ ਤੋਂ ਦੂਜੀ ਥਾਂ ਤੱਕ ਜਾਣ ਲਈ ਸੰਘਰਸ਼ ਕਰ ਰਹੇ ਸਨ। ਘਰੇਲੂ ਆਮਦਨ ਦਾ ਕੋਈ ਸਾਧਨ ਨਾ ਹੋਣ ਕਰਕੇ ਉਹ ਖ਼ੁਦ ਵੀਲ੍ਹ ਚੇਅਰ ਖ਼ਰੀਦਣ ਦੇ ਯੋਗ ਨਹੀਂ ਸਨ। ਇਸ ਸਥਿਤੀ ਨੂੰ ਵੇਖਦਿਆਂ ਮੰਡਲ ਪ੍ਰਧਾਨ ਦੀਪਕ ਤਲਵਾੜ ਅਤੇ ਮੀਤ ਪ੍ਰਧਾਨ ਜਸਪਾਲ ਸਿੰਘ ਨੇ ਆਪਣੀ ਜ਼ਿੰਮੇਵਾਰੀ ਸਮਝਦਿਆਂ ਮਨੁੱਖਤਾ ਦਾ ਪਰਚਾ ਦਿੰਦੇ ਹੋਏ ਉਸ ਨੂੰ ਵੀਲ ਚੇਅਰ ਭੇਟ ਕੀਤੀ। ਵੀਲ ਚੇਅਰ ਪ੍ਰਾਪਤ ਕਰਕੇ ਮੇਜਰ ਸਿੰਘ ਦੀਆਂ ਅੱਖਾਂ ਖ਼ੁਸ਼ੀ ਨਾਲ ਚਮਕ ਉੱਠੀਆਂ ਅਤੇ ਉਨ੍ਹਾਂ ਨੇ ਭਾਰਤੀ ਜਨਤਾ ਪਾਰਟੀ ਦੇ ਦੋਵੇਂ ਆਗੂਆਂ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਮੰਡਲ ਪ੍ਰਧਾਨ ਉਮਾਕਾਂਤ,ਯਤੀਨ ਬੱਠਲਾ ਅਤੇ ਸੁੱਖਾ ਸਿੰਘ ਹਾਜ਼ਰ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ ਦਾ ਵਫ਼ਦ ਮਾਣੂੰਕੇ ਤੇ ਲੋਪੋਂ ਬੈਂਕ ਮੈਨੇਜਰਾਂ ਨੂੰ ਮਿਲਿਆ, ਪੈਨਸ਼ਨਰਾਂ ਦੇ ਮਸਲੇ ਚੁੱਕੇ ਗਏ

ਬਾਘਾ ਪੁਰਾਣਾ, 28 ਅਕਤੂਬਰ (ਟਿੰਕੂ ਕਾਠਪਾਲ)-ਪੰਜਾਬ ਸਰਕਾਰ ਦੇ ਪੈਨਸ਼ਨਰਾਂ ਦੇ ਮਸਲਿਆਂ ਨੂੰ ਉਜਾਗਰ ਕਰਨ ਲਈ ਪੈਨਸ਼ਨਰਜ਼ ਐਸੋਸੀਏਸ਼ਨ ਦਾ ਇਕ ਵਫ਼ਦ ਪੰਜਾਬ ਨੈਸ਼ਨਲ ਬੈਂਕ ਬਰਾਂਚ ਮਾਣੂੰਕੇ ਗਿੱਲ ਅਤੇ ਲੋਪੋ ਦੇ ਮੈਨੇਜਰਾਂ ਰਾਹੁਲ ਕੁਮਾਰ (ਮਾਣੂੰਕੇ) ਅਤੇ ਪ੍ਰਮੋਦ ਕੁਮਾਰ (ਲੋਪੋ) ਨੂੰ ਮਿਲਿਆ। ਵਫ਼ਦ ਦੀ ਅਗਵਾਈ ਜਸਵੰਤ ਸਿੰਘ ਕੋਟਲਾ, ਸੁਰਿੰਦਰਪਾਲ ਸਿੰਘ, ਅਮਰਜੀਤ ਸਿੰਘ ਮਾਣੂੰਕੇ ਅਤੇ ਸੁਰਿੰਦਰ ਰਾਮ ਕੁੱਸਾ ਨੇ ਕੀਤੀ। ਆਗੂਆਂ ਨੇ ਦੱਸਿਆ ਕਿ ਪੈਨਸ਼ਨਰਾਂ ਅਤੇ ਫੈਮਲੀ ਪੈਨਸ਼ਨਰਾਂ ਦੀ ਮੌਤ ਉਪਰੰਤ ਲਾਈਫ਼ ਟਾਈਮ ਏਰੀਅਰ ਪ੍ਰਾਪਤ ਕਰਨ ਲਈ ਤਿੰਨ ਪਰਤਾਂ ਵਾਲੇ ਪ੍ਰੋਫਾਰਮੇ ਭਰਨ ਦੀ ਪ੍ਰਕਿਰਿਆ ਸੰਬੰਧੀ ਵਿਸਤਰਿਤ ਗੱਲਬਾਤ ਹੋਈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਕੇਂਦਰ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਇਹ ਪ੍ਰੋਫਾਰਮੇ ਤਿੰਨ ਕਾਪੀਆਂ ਵਿਚ ਤਿਆਰ ਕੀਤੇ ਜਾਣੇ ਹਨ, ਇਕ ਕਾਪੀ ਪੈਨਸ਼ਨਰ ਵਲੋਂ ਭਰੀ ਜਾਣੀ ਹੈ ਅਤੇ ਵਾਪਸ ਬੈਂਕ ਨੂੰ ਸੌਂਪਣੀ ਹੈ, ਦੂਜੀ ਕਾਪੀ ਖਜਾਨਾ ਦਫ਼ਤਰ ਜਾਂ ਸੀ.ਪੀ.ਪੀ.ਸੀ. ਨੂੰ ਭੇਜੀ ਜਾਵੇਗੀ, ਜਦ ਕਿ ਤੀਜੀ ਕਾਪੀ ਬੈਂਕ ਬਰਾਂਚ ਦੇ ਰਿਕਾਰਡ ਵਿਚ ਦਰਜ ਕੀਤੀ ਜਾਵੇਗੀ। ਬੈਂਕ ਮੈਨੇਜਰਾਂ ਨੇ ਇਹ ਪ੍ਰੋਫਾਰਮੇ ਪ੍ਰਾਪਤ ਕਰਕੇ ਰਸੀਦ ਜਾਰੀ ਕਰਨ ਅਤੇ ਡਾਟਾ ਸਿਸਟਮ ਵਿਚ ਅੱਪਲੋਡ ਕਰਨ ਦਾ ਭਰੋਸਾ ਦਿੱਤਾ। ਇਸੇ ਤਰ੍ਹਾਂ, ਛੇਵੇਂ ਪੇ ਕਮਿਸ਼ਨ ਦੇ ਬਕਾਏ ਸਬੰਧੀ ਫੈਮਲੀ ਪੈਨਸ਼ਨਰਾਂ ਦੀਆਂ ਕਿਸ਼ਤਾਂ ਦੇ ਅਰਜ਼ੀਆਂ ਪ੍ਰਾਪਤ ਕਰਕੇ ਸੀ.ਪੀ.ਪੀ.ਸੀ. ਲੁਧਿਆਣਾ ਨੂੰ ਅਗਲੀ ਕਾਰਵਾਈ ਲਈ ਭੇਜਣ ਦਾ ਵਿਸ਼ਵਾਸ ਵੀ ਦਿਵਾਇਆ ਗਿਆ। ਵਫ਼ਦ ਵਿਚ ਸੁਰਜੀਤ ਸਿੰਘ ਮਾਣੂੰਕੇ, ਦਿਲਬਾਗ ਸਿੰਘ, ਤੇਜਿੰਦਰਪਾਲ ਸ਼ਰਮਾ, ਜਗਦੀਸ਼ ਨਰਾਇਣ, ਮੱਖਣਜੀਤ ਪਟਵਾਰੀ, ਕੁਲਦੀਪ ਰਾਏ ਕੰਡਾ, ਪਰਮਜੀਤ ਸਿੰਘ ਅਤੇ ਨਰੇਸ਼ ਕੁਮਾਰ ਸਮੇਤ ਕਈ ਮੈਂਬਰ ਹਾਜ਼ਰ ਸਨ। ਜਸਵੰਤ ਸਿੰਘ (ਸਕੱਤਰ) ਨੇ ਦੱਸਿਆ ਕਿ 16 ਨਵੰਬਰ ਨੂੰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਲਟਕਦੀਆਂ ਮੰਗਾਂ ਸਬੰਧੀ ਧੂਰੀ ਵਿਚ ਸਾਂਝਾ ਫ਼ਰੰਟ ਵਲੋਂ ਵੱਡੀ ਰੈਲੀ ਕੀਤੀ ਜਾਵੇਗੀ।



ਮੈਨੇਜਰਾਂ ਰਾਹੁਲ ਕੁਮਾਰ (ਮਾਣੂੰਕੇ) ਵਫ਼ਦ ਦੀ ਅਗਵਾਈ ਜਸਵੰਤ ਸਿੰਘ ਕੋਟਲਾ, ਸੁਰਿੰਦਰਪਾਲ ਸਿੰਘ, ਅਮਰਜੀਤ ਸਿੰਘ ਮਾਣੂੰਕੇ।

# ਬੀਬੀ ਜਸਬੀਰ ਕੌਰ ਬਰਾੜ ਸਮਾਲਸਰ ਦਾ ਹੋਇਆ ਅੰਤਿਮ ਸੰਸਕਾਰ

ਸਮਾਲਸਰ, 28 ਅਕਤੂਬਰ (ਗੁਰਜੰਟ ਕਲਸੀ ਲੰਡੇ)-ਇੱਥੋਂ ਦੇ ਕਾਂਗਰਸ ਪਾਰਟੀ ਦੇ ਧੜੱਲੇਦਾਰ ਨੇਤਾ ਰਹੇ ਬੀਬੀ ਜਸਵੀਰ ਕੌਰ ਸਮਾਲਸਰ ਦਾ ਅੱਜ ਨਾਨਕ ਨਿਵਾਸ ਕੋਠੇ ਸਮਾਲਸਰ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਬੀਬੀ ਜਸਵੀਰ ਕੌਰ ਬਰਾੜ ਜ਼ਿਲ੍ਹਾ ਪ੍ਰੀਸ਼ਦ ਦੇ ਸਾਬਕਾ ਉਪ ਚੇਅਰਮੈਨ ਮੋਗਾ, ਬਲਾਕ ਸੰਮਤੀ ਦੇ ਸਾਬਕਾ ਚੇਅਰਮੈਨ ਅਤੇ ਕਾਂਗਰਸ ਪਾਰਟੀ ਦੇ ਉੱਚੇ ਅਹੁਦੇਦਾਰ ਰਹੇ। ਉਹ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਨੇੜਲਿਆਂ 'ਚੋਂ ਗਿਣੇ ਜਾਂਦੇ ਸਨ, ਉਹ ਕਾਫੀ ਸਮੇਂ ਤੋਂ ਬਿਮਾਰ ਚਲੇ ਆ ਰਹੇ ਸਨ ਤੇ ਬੀਤੀ ਦੇਰ ਰਾਤ ਉਨ੍ਹਾਂ ਦੀ ਮੌਤ ਹੋ ਗਈ। ਇਸ ਮੌਕੇ ਕਾਂਗਰਸ ਪਾਰਟੀ ਦੇ ਸਾਬਕਾ ਮੰਤਰੀ ਦਰਸ਼ਨ ਸਿੰਘ ਬਰਾੜ, ਕੈਪਟਨ ਬਾਬੂ ਸਿੰਘ, ਗੁਰਬਚਨ ਸਿੰਘ ਬਰਾੜ ਬਾਘਾ ਪੁਰਾਣਾ, ਸਰਪੰਚ ਗੁਰਪ੍ਰੀਤ ਸਿੰਘ ਗੋਪੀ, ਹਰਜਿੰਦਰ ਸਿੰਘ ਬਰਾੜ ਮੱਲਕੇ, ਸਾਬਕਾ ਸਰਪੰਚ ਸਾਹਿਬ ਸਿੰਘ, ਮਾਤਾ ਕ੍ਰਿਸ਼ਨਾ ਰਾਣੀ ਸਾਬਕਾ ਪੰਚ ਤੇ ਸਾਬਕਾ ਕਾਂਗਰਸ ਪਾਰਟੀ ਜਨਰਲ ਸਕੱਤਰ, ਸਾਬਕਾ ਸਰਪੰਚ ਅੰਗਰੇਜ਼ ਸਿੰਘ, ਸਰਪੰਚ ਦਵਿੰਦਰਪਾਲ ਸਿੰਘ ਰਾਜਾ, ਸਾਬਕਾ ਉਪ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਗੁਰਬਚਨ ਸਿੰਘ ਸਮਾਲਸਰ, ਸਾਬਕਾ ਸਰਪੰਚ ਸੋਹਣ ਸਿੰਘ ਹੋਰ ਰਿਸ਼ਤੇਦਾਰ ਅਤੇ ਇਲਾਕੇ ਦੀਆਂ ਸ਼ਖ਼ਸੀਅਤਾਂ ਹਾਜ਼ਰ ਸਨ।



ਬੀਬੀ ਜਸਵੀਰ ਕੌਰ ਬਰਾੜ ਦੀ ਫਾਈਲ ਫੋਟੋ।

# ਸ਼੍ਰੋਮਣੀ ਅਕਾਲੀ ਦਲ ਤਰਨ ਤਾਰਨ ਜ਼ਿਮਨੀ ਚੋਣ ਸ਼ਾਨ ਨਾਲ ਜਿੱਤੇਗਾ-ਸੰਨੀ ਗਿੱਲ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ)-ਤਰਨ ਤਾਰਨ ਜ਼ਿਮਨੀ ਚੋਣ 'ਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਧਰਮੀ ਫ਼ੌਜੀ ਪਰਿਵਾਰ ਨਾਲ ਸੰਬੰਧਿਤ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਚੋਣ ਮੁਹਿੰਮ ਵਿਚ ਉਤਾਰਿਆ ਹੈ ਅਤੇ ਉਨ੍ਹਾਂ ਨੂੰ ਹਲਕੇ 'ਚੋਂ ਭਰਵਾਂ ਹੁੰਗਾਰਾ ਹੀ ਨਹੀਂ ਮਿਲ ਰਿਹਾ ਸਗੋਂ ਲੋਕ ਆਪ ਮੁਹਾਰੇ ਪਾਰਟੀ ਵਿਚ ਸ਼ਾਮਿਲ ਹੋ ਕੇ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਚੋਣ ਮੁਹਿੰਮ ਵਿਚ ਡਟ ਰਹੇ ਹਨ ਤੇ ਇਹ ਗੱਲ ਸਾਬਤ ਕਰਦੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਯਕੀਨੀ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਤ ਵੇਖ ਕੇ 'ਆਪ' ਵਾਲੇ ਬੌਖਲਾਹਟ ਵਿੱਚ ਆ ਗਏ ਹਨ ਅਤੇ ਸਰਕਾਰੀ ਤੰਤਰ ਦੀ ਦੁਰਵਰਤੋਂ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਤੇ ਝੂਠੇ ਪਰਚੇ ਦਰਜ ਕਰ ਰਹੇ ਹਨ ਤੇ ਵੋਟਰਾਂ ਨੂੰ ਧਮਕਾਇਆ ਜਾ ਰਿਹਾ ਹੈ।



ਸੰਜੀਤ ਸਿੰਘ ਸੰਨੀ ਗਿੱਲ

# ਵਿਧਾਇਕਾ ਅਰੋੜਾ ਵਲੋਂ 48 ਲੱਖ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾਉਣ ਦਾ ਉਦਘਾਟਨ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ, ਅਸ਼ੋਕ ਬਾਂਸਲ)-ਮੋਗਾ ਸ਼ਹਿਰ 'ਚ ਵਿਕਾਸ ਕਾਰਜਾਂ ਦੇ ਹਿੱਸੇ ਵਜੋਂ, ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਅੱਜ ਵਾਰਡ ਨੰਬਰ 25 ਮਿਸਤਰੀਆਂ ਦੀ ਗਲੀ ਅਤੇ ਪਹਾੜਾ ਸਿੰਘ ਚੌਕ, ਮੇਜਰ ਸਿੰਘ ਨਗਰ ਦੀਆਂ ਗਲੀਆਂ ਵਿਚ 48 ਲੱਖ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਲਗਾਉਣ ਦਾ ਉਦਘਾਟਨ ਕੀਤਾ। ਇਸ ਮੌਕੇ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਵਰਿੰਦਰ ਕੌਰ ਬਰਾੜ, ਯੂਥ ਆਗੂ ਮਿਲਾਪ ਸਿੰਘ, ਕੌਂਸਲਰ ਅਰਵਿੰਦਰ ਸਿੰਘ ਹੈਪੀ ਕਾਨਪੁਰੀਆ, ਪਾਰਟੀ ਵਲੰਟੀਅਰ ਅਤੇ ਇਲਾਕੇ ਦੇ ਵਸਨੀਕ ਮੌਜੂਦ ਸਨ। ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਮੋਗਾ ਸ਼ਹਿਰ ਵਿਚ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਦੇ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਮੋਗਾ ਸ਼ਹਿਰ ਦੇ ਵਸਨੀਕਾਂ ਨਾਲ ਕੀਤਾ ਗਿਆ ਹਰ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਵਾਰਡ ਵਾਸੀਆਂ ਦਾ ਉਨ੍ਹਾਂ ਨੂੰ ਦਿੱਤੇ ਗਏ ਸਤਿਕਾਰ ਲਈ ਧੰਨਵਾਦ ਕੀਤਾ। ਇਸ ਮੌਕੇ ਵਾਰਡ ਵਾਸੀਆਂ ਨੇ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਅਤੇ ਮੇਅਰ ਬਲਜੀਤ ਸਿੰਘ ਚਾਨੀ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ, ਵਾਰਡ ਵਿਚ ਵਿਕਾਸ ਕਾਰਜ ਸ਼ੁਰੂ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।



ਟੈਕਨੀਕਲ ਯੂਨੀਵਰਸਿਟੀ ਯੂਨੀਅਨ ਪਾਵਰਕਾਮ ਵਿਚ ਸ਼ਾਮਿਲ ਹੋਏ ਸਾਥੀ ਸਾਂਝੀ ਤਸਵੀਰ ਵਿਚ। ਅਜੀਤ ਤਸਵੀਰ

# ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਪਰਿਵਾਰ 'ਚ ਹੋਇਆ ਵਾਧਾ

ਮੋਗਾ, 28 ਅਕਤੂਬਰ (ਗੁਰਤੇਜ ਸਿੰਘ ਬੱਬੀ)-66 ਕੇ.ਵੀ ਸ/ਸ ਲੋਹਗੜ੍ਹ ਵਿਖੇ ਗੁਰਤੇਜ ਸਿੰਘ ਚੀਮਾ ਡਵੀਜ਼ਨ ਪ੍ਰਧਾਨ ਕੋਟਕਪੂਰਾ ਦੀ ਪ੍ਰਧਾਨਗੀ ਹੇਠ, ਵੰਡ ਉਪ ਮੰਡਲ ਧਰਮਕੋਟ ਵਿਖੇ ਤਾਇਨਾਤ ਜਸਵੰਤ ਸਿੰਘ, ਲਵਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਵਿਜੈ ਕੁਮਾਰ, ਸੁਰਜੀਤ ਸਿੰਘ, ਅਮਰਜੀਤ ਸਿੰਘ, ਜਸਵੀਰ ਸਿੰਘ ਸਾਰੇ ਏ.ਐਲ. ਐਮ. ਸਾਥੀਆਂ ਨੇ ਜਥੇਬੰਦੀ ਦੀ ਕਾਰਗੁਜ਼ਾਰੀ ਤੋਂ ਖ਼ੁਸ਼ ਹੋ ਕੇ ਮੌਜੂਦਾ ਜਥੇਬੰਦੀ ਛੱਡ ਕੇ ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ: 49 (ਵਿਗਿਆਨਕ ਗਰੁੱਪ) ਦੀ ਮੈਂਬਰਸ਼ਿਪ ਭਰੀ ਅਤੇ ਪਰਿਵਾਰ 'ਚ ਸ਼ਾਮਲ ਹੋਏ। ਇਸ ਮੌਕੇ ਜਨਰਲ ਸਕੱਤਰ ਪੰਜਾਬ ਹਰਪ੍ਰੀਤ ਸਿੰਘ, ਮੀਤ ਸਕੱਤਰ ਸਰਕਲ ਅਮਰਚੰਦ, ਡਵੀਜ਼ਨ ਪ੍ਰਧਾਨ ਗੁਰਤੇਜ ਸਿੰਘ ਚੀਮਾ, ਡਵੀਜ਼ਨ ਸਕੱਤਰ ਫ਼ਰੀਦਕੋਟ ਨਰਿੰਦਰ ਸਿੰਘ, ਸਬ ਡਵੀਜ਼ਨ ਪ੍ਰਧਾਨ ਕੋਟ ਈਸੇ ਖਾਂ ਹਰਮੰਦਰ ਸਿੰਘ, ਸਬ ਡਵੀਜ਼ਨ ਮੀਤ ਸਕੱਤਰ ਗਗਨਦੀਪ ਸਿੰਘ, ਸਬ ਡਵੀਜ਼ਨ ਮੀਤ ਪ੍ਰਧਾਨ ਜੈ ਕਿਸ਼ਨ, ਮੈਂਬਰ ਮਾਨਿਕ ਹਾਂਡਾ, ਮਨਜੋਤ ਸਿੰਘ ਬਿਸ਼ਟ, ਬਲਵਿੰਦਰ ਸਿੰਘ, ਰਜਿੰਦਰ ਸਿੰਘ, ਜਸਵੀਰ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਜਥੇਬੰਦੀ ਦੇ ਅਹੁਦੇਦਾਰਾਂ ਨੇ ਕਿਹਾ ਕਿ ਜਥੇਬੰਦੀਆਂ ਵਿਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।



ਸਮਾਗਮ 'ਚ ਭਾਗ ਲੈਣ ਵਾਲੇ ਹੇਮਕੁੰਟ ਸਕੂਲ ਦੇ ਵਿਦਿਆਰਥੀ ਸਕੂਲ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਸਟਾਫ ਨਾਲ। ਤਸਵੀਰ: ਗੁਰਮੀਤ ਸਿੰਘ ਖਾਲਸਾ

# ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮ 'ਚ ਹੇਮਕੁੰਟ ਸਕੂਲ ਦੇ ਵਿਦਿਆਰਥੀਆਂ ਨੇ ਲਿਆ ਭਾਗ

ਕੋਟ ਈਸੇ ਖਾਂ, 28 ਅਕਤੂਬਰ (ਗੁਰਮੀਤ ਸਿੰਘ ਖਾਲਸਾ)-ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਰਹਿਨੁਮਾਈ ਹੇਠ ਸ਼੍ਰੋਮਣੀ ਕਮੇਟੀ ਅਤੇ ਹੋਰ ਧਾਰਮਿਕ ਸਿੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਚੱਲ ਰਹੀ ਸ੍ਰੀ ਸਹਿਜ ਪਾਠ ਸੇਵਾ ਲਹਿਰ ਵਲੋਂ ਨੌਵੀਂ ਪਾਤਿਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਸੰਪੂਰਨ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ 'ਸਿੰਘ ਸਭਾ ਧਰਮਕੋਟ' ਵਿਖੇ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਗਏ। ਇਸ ਸਮਾਗਮ 'ਚ ਹੇਮਕੁੰਟ ਸਕੂਲ ਦੇ ਵਿਦਿਆਰਥੀਆਂ ਵਿਚ ਜਿਨ੍ਹਾਂ ਵਲੋਂ ਸੰਪੂਰਨ ਸਹਿਜ ਪਾਠ ਕਰ ਲਏ ਹਨ ਜਾਂ ਜੋ ਵਿਦਿਆਰਥੀ ਪਾਠ ਕਰ ਰਹੇ ਹਨ ਉਨ੍ਹਾਂ ਵਲੋਂ ਮੈਡਮ ਸੁਰਿੰਦਰ ਕੌਰ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਹਿੱਸਾ ਲਿਆ। ਵਿਦਿਆਰਥੀਆਂ ਵਲੋਂ ਗੁਰਬਾਣੀ ਕੀਰਤਨ ਤੇ ਹੋਰ ਧਾਰਮਿਕ ਗਤੀਵਿਧੀਆਂ ਰਾਹੀਂ ਗੁਰੂ ਸਾਹਿਬ ਦੇ ਉਪਦੇਸ਼ਾਂ ਦੀ ਮਹਾਨਤਾ ਉਜਾਗਰ ਕੀਤੀ ਗਈ। ਇਸ ਮੌਕੇ ਸ੍ਰੀ ਸਹਿਜ ਪਾਠ ਸੇਵਾ ਲਹਿਰ ਦੇ ਮੁੱਖ ਕਨਵੀਨਰ ਸਤਨਾਮ ਸਿੰਘ (ਲੁਧਿਆਣਾ), ਰਤਨ ਸਿੰਘ, ਬੀਬੀ ਅਮਨਦੀਪ ਕੌਰ, ਗੁਰਦੁਆਰਾ ਸਿੰਘ ਸਭਾ ਧਰਮਕੋਟ ਦੇ ਪ੍ਰਧਾਨ ਭਾਈ ਅੰਗਰੇਜ਼ ਸਿੰਘ ਅਤੇ ਮੁੱਖ ਗ੍ਰੰਥੀ ਭਾਈ ਗੁਰਪਿਆਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ਅਤੇ ਇਨ੍ਹਾਂ ਦੁਆਰਾ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਕੁਲਵੰਤ ਸਿੰਘ ਸੰਧੂ ,ਐਮ.ਡੀ. ਰਣਜੀਤ ਕੌਰ ਸੰਧੂ ਅਤੇ ਪ੍ਰਿੰਸੀਪਲ ਰਮਨਜੀਤ ਕੌਰ ਨੇ ਇਸ ਸਮਾਗਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹੋ ਜਿਹੇ ਸਮਾਗਮ ਸਾਡੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਦੇ। ਇਸ ਮੌਕੇ ਗੁਰਪ੍ਰੀਤ ਸਿੰਘ, ਮੈਡਮ ਦਵਿੰਦਰ ਕੌਰ ਵੀ ਹਾਜ਼ਰ ਸਨ।

# ਅਨੰਦ ਈਸ਼ਵਰ ਦਰਬਾਰ ਠਾਠ ਵਲੋਂ ਅੱਜ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ

## ਨਗਰ ਕੀਰਤਨ ਸੰਬੰਧੀ ਸਾਰੇ ਪ੍ਰਬੰਧ ਮੁਕੰਮਲ-ਬਾਬਾ ਗੁਰਬਖਸ਼ ਸਿੰਘ

ਬੱਧਨੀ ਕਲਾਂ, 28 ਅਕਤੂਬਰ (ਸੰਜੀਵ ਕੋਛੜ)-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਨਾਨਕਸਰ ਸੰਪਰਦਾਇ ਦੇ ਬਾਨੀ ਬਾਬਾ ਨੰਦ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਦੇ ਜਨਮ ਦਿਹਾੜੇ ਦੀ ਖ਼ੁਸ਼ੀ ਵਿਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਉਨ੍ਹਾਂ ਦੇ ਨਾਨਕੇ ਨਗਰ ਅਨੰਦ ਈਸ਼ਵਰ ਦਰਬਾਰ ਠਾਠ ਦੇ ਮੁਖੀ ਬੱਧਨੀ ਕਲਾਂ ਵਾਲੇ ਬਾਬਾ ਜ਼ੋਰਾ ਸਿੰਘ ਦੀ ਰਹਿਨੁਮਾਈ ਹੇਠ 29 ਅਕਤੂਬਰ (13 ਕੱਤਕ) ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਯੋਗ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਬੱਧਨੀ ਕਲਾਂ ਵਿਖੇ ਸਜਾਇਆ ਜਾ ਰਿਹਾ ਹੈ। ਇਸ ਸਬੰਧੀ ਬਾਬਾ ਗੁਰਬਖਸ਼ ਸਿੰਘ, ਬਾਬਾ ਜਗਤਾਰ ਸਿੰਘ, ਭਾਈ ਸੁਰਜੀਤ ਸਿੰਘ, ਭਾਈ ਜਰਨੈਲ ਸਿੰਘ, ਜਗਜੀਤ ਸਿੰਘ ਜੱਜੀ ਮੁੱਖ ਸੇਵਾਦਾਰ ਦਿੱਲੀ ਠਾਠ, ਗੁਰਸੇਵਕ ਸਿੰਘ ਉੱਭੀ ਲੁਧਿਆਣਾ, ਕੁਲਦੀਪ ਸਿੰਘ ਕੈਨੇਡਾ, ਰਣਜੀਤ ਸਿੰਘ ਕੈਨੇਡਾ, ਚਰਨ ਸਿੰਘ ਕੈਨੇਡਾ, ਭੁਪਿੰਦਰ ਸਿੰਘ ਮੋਗਾ ਆਦਿ ਸੇਵਾਦਾਰਾਂ ਨੇ ਦੱਸਿਆ ਕਿ ਸਜਾਏ ਜਾ ਰਹੇ ਨਗਰ ਕੀਰਤਨ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਹ ਨਗਰ ਕੀਰਤਨ ਬਾਹਰਲੀ ਠਾਠ 'ਚੋਂ ਅਰਦਾਸ ਕਰਨ ਉਪਰੰਤ ਸਵੇਰੇ 9 ਵਜੇ ਪੂਰੇ ਜਾਹੋ-ਜਲਾਲ ਨਾਲ ਆਰੰਭ ਹੋਵੇਗਾ ਜੋ ਸਾਰੇ ਕਸਬੇ ਦੀ ਪਰਿਕਰਮਾ ਕਰਦੇ ਸੰਗਤਾਂ ਨੂੰ ਦਰਸ਼ਨ ਦੀਦਾਰ ਦਿੰਦੇ ਹੋਏ ਬਾਹਰਲੀ ਠਾਠ ਵਿਖੇ ਹੀ ਦੇਰ ਸ਼ਾਮ ਸਮਾਪਤ ਹੋਵੇਗਾ। ਸੇਵਾਦਾਰਾਂ ਵਲੋਂ ਜਗ੍ਹਾ-ਜਗ੍ਹਾ ਸਵਾਗਤੀ ਗੇਟ, ਸ਼ਹਿਰ ਨੂੰ ਰੰਗ ਬਰੰਗੀਆਂ ਲੜੀਆਂ, ਹਵਾ ਵਾਲੇ ਗੁਬਾਰਿਆਂ, ਕੇਸਰੀ ਝੰਡਿਆਂ ਤੇ ਬੈਨਰਾਂ ਨਾਲ ਬਾਖੂਬੀ ਸਜਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ 29 ਅਕਤੂਬਰ ਨੂੰ ਵਿਸ਼ਾਲ ਨਗਰ ਕੀਰਤਨ ਤੋਂ ਇਲਾਵਾ 29 ਅਕਤੂਬਰ ਤੋਂ ਅਖੰਡ ਪਾਠਾਂ ਦੀਆਂ ਲੜੀਆਂ ਦੀ ਆਰੰਭਤਾ ਹੋਵੇਗੀ, ਜਿਨ੍ਹਾਂ ਦੇ ਭੋਗ 2 ਨਵੰਬਰ ਦਿਨ ਐਤਵਾਰ ਨੂੰ ਸਵੇਰੇ 11 ਵਜੇ ਪਾਏ ਜਾਣਗੇ ਅਤੇ 30 ਅਕਤੂਬਰ ਤੋਂ 1 ਨਵੰਬਰ ਦਿਨ ਸਨਿਚਰਵਾਰ ਤੱਕ 8.30 ਵਜੇ ਤੋਂ 10.30 ਵਜੇ ਤੱਕ ਬਾਹਰਲੀ ਠਾਠ ਵਿਖੇ ਰਾਤ ਦੇ ਧਾਰਮਿਕ ਦੀਵਾਨ ਸਜਾਏ ਜਾਣਗੇ। ਜਿਸ ਦੌਰਾਨ ਨਾਨਕਸਰ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਹੋਰਨਾਂ ਸੰਪਰਦਾਵਾਂ ਤੋਂ ਪਹੁੰਚੇ ਮਹਾਂਪੁਰਖ, ਵਿਦਵਾਨ, ਕਥਾ ਵਾਚਕ, ਰਾਗੀ ਤੇ ਢਾਡੀ ਜਥੇ ਜਿੱਥੇ ਸੰਗਤਾਂ ਨੂੰ ਨਿਹਾਲ ਕਰਨਗੇ ਉੱਥੇ ਹੀ ਬੱਧਨੀ ਕਲਾਂ ਵਾਲੇ ਬਾਬਾ ਜ਼ੋਰਾ ਸਿੰਘ ਧਾਰਮਿਕ ਪ੍ਰਵਚਨਾਂ ਰਾਹੀਂ ਅਤੇ ਬਾਬਾ ਗੁਰਬਖਸ਼ ਸਿੰਘ ਜੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਘਰ ਨਾਲ ਜੋੜਨਗੇ।



ਅਨੰਦ ਈਸ਼ਵਰ ਦਰਬਾਰ ਠਾਠ ਬੱਧਨੀ ਕਲਾਂ ਵਾਲੇ ਬਾਬਾ ਜ਼ੋਰਾ ਸਿੰਘ, ਬਾਬਾ ਗੁਰਬਖਸ਼ ਸਿੰਘ ਤੇ ਬਾਬਾ ਜਗਤਾਰ ਸਿੰਘ। ਤਸਵੀਰਾਂ: ਸੰਜੀਵ ਕੋਛੜ



ਹੇਮਕੁੰਟ ਸਕੂਲ ਦੇ ਐਨ.ਸੀ.ਸੀ. ਕੈਡਟ ਨੂੰ ਮੋਗਾ ਕੈਂਪ ਲਈ ਰਵਾਨਾ ਕਰਨ ਸਮੇਂ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐਮ.ਡੀ. ਰਣਜੀਤ ਕੌਰ ਸੰਧੂ ਤੇ ਹੋਰ। ਤਸਵੀਰ: ਗੁਰਮੀਤ ਸਿੰਘ ਖਾਲਸਾ

# ਹੇਮਕੁੰਟ ਸਕੂਲ ਦੇ ਐਨ.ਸੀ.ਸੀ. ਕੈਡਟ 10 ਰੋਜ਼ਾ ਕੈਂਪ ਲਈ ਰਵਾਨਾ

ਕੋਟ ਈਸੇ ਖਾਂ, 28 ਅਕਤੂਬਰ (ਗੁਰਮੀਤ ਸਿੰਘ ਖਾਲਸਾ)-ਐਨ. ਸੀ. ਸੀ. ਕੈਡਟ 05 ਪੰਜਾਬ ਬਟਾਲੀਅਨ ਦੇ ਕਮਾਂਡਰ ਕਰਨਲ ਸੁਨੀਲ ਕੁਮਾਰ ਦੀ ਯੋਗ ਅਗਵਾਈ ਹੇਠ 28 ਅਕਤੂਬਰ ਤੋਂ 6 ਨਵੰਬਰ ਤੱਕ ਐਸ.ਡੀ. ਕਾਲਜ ਮੋਗਾ ਵਿਖੇ ਵਿਦਿਆਰਥੀਆਂ ਵਿਚ ਸਿੱਖਿਆ ਦੇ ਨਾਲ-ਨਾਲ ਅਨੁਸ਼ਾਸਨ, ਸੇਵਾ ਭਾਵਨਾ ਪੈਦਾ ਕਰਨ ਲਈ ਕੈਂਪ ਲਗਾਇਆ ਜਾ ਰਿਹਾ ਹੈ। ਜਿਸ ਵਿਚ ਪੰਜਾਬ ਦੇ ਵੱਖ-ਵੱਖ ਸਕੂਲਾਂ ਦੇ ਕੈਡਟ ਭਾਗ ਲੈ ਰਹੇ ਹਨ। ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਦੇ 21 ਕੈਡਟ ਇਸ ਕੈਂਪ ਵਿਚ ਭਾਗ ਲੈਣ ਲਈ ਰਵਾਨਾ ਹੋਏ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਅਤੇ ਐਮ.ਡੀ. ਰਣਜੀਤ ਕੌਰ ਸੰਧੂ ਨੇ ਦੱਸਿਆ ਕਿ ਇਸ ਕੈਂਪ ਵਿਚ ਕੈਡਟ ਨੂੰ ਵੈਪਨ ਟਰੇਨਿੰਗ, ਡਰਿੱਲ ਟਰੇਨਿੰਗ, ਮੈਪ ਰੀਡਿੰਗ ਆਦਿ ਦੀ ਸਿਖਲਾਈ ਦਿੱਤੀ ਜਾਵੇਗੀ। ਪ੍ਰਿੰਸੀਪਲ ਰਮਨਜੀਤ ਕੌਰ ਨੇ ਕਿਹਾ ਕਿ ਐਨ.ਸੀ.ਸੀ. ਵਿਦਿਆਰਥੀਆਂ ਨੂੰ ਸਵੈ-ਨਿਰਭਰ, ਜ਼ਿੰਮੇਵਾਰ ਤੇ ਦੇਸ਼ ਭਗਤ ਨਾਗਰਿਕ ਬਣਾਉਣ ਲਈ ਪ੍ਰੇਰਿਤ ਕਰਦੀ ਹੈ। ਇਸ ਮੌਕੇ ਏ.ਐਨ.ਓ. ਸਿਮਰਨਜੀਤ ਕੌਰ ਅਤੇ ਯਾਦਵਿੰਦਰ ਕੌਰ, ਮੈਡਮ ਨਿਸ਼ਾ, ਮੈਡਮ ਪ੍ਰਕ੍ਰਿਤੀ ਆਦਿ ਹਾਜ਼ਰ ਸਨ।

# ਐਸ.ਡੀ.ਐਮ. ਬੇਅੰਤ ਸਿੰਘ ਸਿੱਧੂ ਨੇ ਹੜ੍ਹ ਪੀੜਤਾਂ ਨੂੰ ਪੰਜਾਬ ਸਰਕਾਰ ਤਰਫ਼ੋਂ ਆਈ ਮੁਆਵਜ਼ਾ ਰਾਸ਼ੀ ਵੰਡੀ

## ਕਿਹਾ. ਦੁੱਖ ਦੀ ਘੜੀ 'ਚ ਸਰਕਾਰ ਲੋਕਾਂ ਨਾਲ ਖੜ੍ਹੀ ਹੈ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ)-ਪੰਜਾਬ ਸਰਕਾਰ ਵਲੋਂ ਮਿਸ਼ਨ ਪੁਨਰਵਾਸ ਤਹਿਤ ਹੜ੍ਹ ਪੀੜਤਾਂ ਨੂੰ ਮੁਆਵਜ਼ਾ/ਰਾਹਤ ਰਾਸ਼ੀ ਪ੍ਰਦਾਨ ਕੀਤੀ ਜਾ ਰਹੀ ਹੈ, ਭਾਰੀ ਮੀਂਹ ਅਤੇ ਹੜ੍ਹ ਕਾਰਨ ਵੱਡੀ ਪੱਧਰ 'ਤੇ ਫ਼ਸਲਾਂ ਖ਼ਰਾਬ ਹੋ ਗਈਆਂ ਸਨ, ਕਈ ਲੋਕਾਂ ਦੇ ਘਰ ਅਤੇ ਹੋਰ ਇਮਾਰਤਾਂ ਵੀ ਢਹਿ ਗਈਆਂ ਸਨ। ਹਰੇਕ ਪ੍ਰਭਾਵਿਤ ਪਰਿਵਾਰ ਨੂੰ ਹੋਏ ਨੁਕਸਾਨ ਦੀ ਪੜਤਾਲ ਉਪਰੰਤ ਰਾਹਤ ਰਾਸ਼ੀ ਦਿੱਤੀ ਜਾ ਰਹੀ ਹੈ। ਕਿਸਾਨਾਂ ਨੂੰ ਫ਼ਸਲ ਦੇ ਖ਼ਰਾਬੇ ਲਈ ਪ੍ਰਤੀ ਏਕੜ 20 ਹਜ਼ਾਰ ਰੁਪਏ ਮਿਲ ਰਹੇ ਹਨ। ਇਹ ਪ੍ਰਗਟਾਵਾ ਐਸ.ਡੀ.ਐਮ. ਬਾਘਾ ਪੁਰਾਣਾ ਬੇਅੰਤ ਸਿੰਘ ਸਿੱਧੂ ਨੇ ਅੱਜ ਬਾਘਾ ਪੁਰਾਣਾ ਸਬ ਡਵੀਜ਼ਨ ਅਧੀਨ ਆਉਂਦੇ ਪਿੰਡ ਰਾਜੇਆਣਾ ਦੇ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਵੰਡਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਮੁਆਵਜ਼ਾ ਰਾਸ਼ੀ ਮਿਲਣ ਨਾਲ ਸਰਕਾਰ ਦੀ ਇਸ ਵਚਨਬੱਧਤਾ ਦੀ ਪੁਸ਼ਟੀ ਹੋ ਜਾਂਦੀ ਹੈ ਕਿ ਸਰਕਾਰ ਦੁੱਖ ਦੀ ਘੜੀ ਵਿਚ ਆਪਣੇ ਲੋਕਾਂ ਦੇ ਨਾਲ ਹੈ। ਐਸ.ਡੀ.ਐਮ. ਵਲੋਂ ਬਾਘਾ ਪੁਰਾਣਾ ਵਿਚ ਹੜ੍ਹ ਦਾ ਮੁਕਾਬਲਾ ਕਰਨ ਲਈ ਕੀਤੇ ਯਤਨਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਮੁਆਵਜ਼ਾ ਰਾਸ਼ੀ ਪੂਰੀ ਪਾਰਦਰਸ਼ਤਾ ਅਤੇ ਸਮੇਂ ਸਿਰ ਵੰਡੀ ਜਾ ਰਹੀ ਹੈ। ਇਸ ਮੌਕੇ ਤਹਿਸੀਲਦਾਰ ਆਸ਼ੂ ਪ੍ਰਭਾਸ਼ ਜੋਸ਼ੀ, ਖੇਤੀਬਾੜੀ ਵਿਕਾਸ ਅਫ਼ਸਰ ਡਾ. ਖ਼ੁਸ਼ਦੀਪ ਸਿੰਘ, ਮਨਜੀਤ ਸਿੰਘ ਰਾਜੇਆਣਾ, ਵਰਿੰਦਰ ਸਿੰਘ, ਪ੍ਰਗਟ ਸਿੰਘ (ਸਾਰੇ ਸਰਪੰਚ), ਸੈਕਟਰੀ ਸਹਿਕਾਰੀ ਸਭਾ ਬੂਟਾ ਸਿੰਘ, ਪਟਵਾਰੀ ਗੁਰਲਾਲ ਸਿੰਘ, ਨੰਬਰਦਾਰ ਜਸਬੀਰ ਸਿੰਘ, ਮੈਂਬਰ ਜਸਬੀਰ ਸਿੰਘ, ਮੈਂਬਰ ਦਰਸ਼ਨ ਸਿੰਘ ਹਾਜ਼ਰ ਸਨ। ਮੁਆਵਜ਼ਾ ਪ੍ਰਾਪਤ ਕਰਨ ਵਾਲੇ ਕਿਸਾਨਾਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਦੇ ਧੰਨਵਾਦੀ ਹਨ ਜਿਸ ਸਦਕਾ ਉਨ੍ਹਾਂ ਨੂੰ ਆਪਣੀ ਖ਼ਰਾਬ ਹੋਈ ਫ਼ਸਲ ਦਾ ਉਚਿੱਤ ਮੁਆਵਜ਼ਾ ਸਮੇਂ ਸਿਰ ਮਿਲਿਆ ਹੈ।



ਪਿੰਡ ਦੀਨਾ ਸਾਹਿਬ ਦੇ ਵਿਕਾਸ ਕਾਰਜਾਂ ਲਈ ਆਰਥਿਕ ਸਹਾਇਤਾ ਦੀਆਂ ਸੇਵਾਵਾਂ ਪਾਉਣ 'ਤੇ ਬਾਬਾ ਸੁਖਵਿੰਦਰ ਸਿੰਘ ਖਾਲਸਾ ਅਮਰੀਕਾ ਦਾ ਸਨਮਾਨ ਕਰਦੇ ਹੋਏ ਪਿੰਡ ਵਾਸੀ। ਤਸਵੀਰ: ਸੁਖਦੇਵ ਸਿੰਘ ਖਾਲਸਾ

# ਐਨ. ਆਰ. ਆਈ. ਪਰਿਵਾਰ ਨੇ ਆਰਥਿਕ ਸਹਾਇਤਾ ਭੇਜੀ

ਨਿਹਾਲ ਸਿੰਘ ਵਾਲਾ, 28 ਅਕਤੂਬਰ (ਸੁਖਦੇਵ ਸਿੰਘ ਖਾਲਸਾ)-ਪਿੰਡ ਦੀਨਾਂ ਸਾਹਿਬ ਵਿਖੇ ਸ਼ਮਸ਼ਾਨਘਾਟ ਦੇ ਰੱਖ ਰਖਾਅ ਲਈ ਐਨ. ਆਰ. ਆਈ. ਪਰਿਵਾਰ ਬਾਬਾ ਸੁਖਵਿੰਦਰ ਸਿੰਘ ਖਾਲਸਾ, ਹਰਜਿੰਦਰ ਸਿੰਘ ਗੱਗੂ ਅਤੇ ਬਲਜੀਤ ਕੌਰ ਅਮਰੀਕਾ ਨੇ ਬਾਪੂ ਗਰਦੌਰ ਸਿੰਘ ਹੇੜ੍ਹਾਂ ਵਾਲੇ ਦੀ ਯਾਦ 'ਚ 61000 ਰੁਪਏ ਅਤੇ ਸਤਿਕਾਰ ਕਮੇਟੀ ਦੀਨਾਂ ਸਾਹਿਬ ਨੂੰ 11000 ਦਾ ਯੋਗਦਾਨ ਪਾਇਆ। ਇਸ ਮੌਕੇ ਸਰਪੰਚ ਰਣਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਬਾਬਾ ਸੁਖਵਿੰਦਰ ਸਿੰਘ ਖਾਲਸਾ ਵਲੋਂ ਪਹਿਲਾਂ ਵੀ ਉਕਤ ਕਾਰਜ ਲਈ 52 ਹਜ਼ਾਰ ਰੁਪਏ ਦੀ ਸੇਵਾ ਸ਼ਮਸ਼ਾਨ ਘਾਟ ਵਾਸਤੇ ਸੇਵਾ ਭੇਜੀ ਗਈ ਸੀ ਅਤੇ ਪਿੰਡ ਦੇ ਹੋਰ ਵਿਕਾਸ ਕਾਰਜਾਂ ਲਈ ਵੀ ਇਸ ਪਰਿਵਾਰ ਵਲੋਂ ਵਡਮੁੱਲਾ ਯੋਗਦਾਨ ਪਾਇਆ ਜਾਂਦਾ ਹੈ। ਇਸ ਮੌਕੇ ਸਰਪੰਚ ਰਣਜੀਤ ਸਿੰਘ ਖਾਲਸਾ ਅਤੇ ਹੋਰ ਸ਼ਖਸੀਅਤਾਂ ਵਲੋਂ ਬਾਬਾ ਸੁਖਵਿੰਦਰ ਸਿੰਘ ਖਾਲਸਾ ਅਤੇ ਸਮੁੱਚੇ ਪਰਿਵਾਰ ਦਾ ਧੰਨਵਾਦ ਕਰਦਿਆਂ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਪ੍ਰਧਾਨ ਰੁਪਿੰਦਰ ਸਿੰਘ ਦੀਨਾਂ, ਪ੍ਰਧਾਨ ਅਜਮੇਰ ਸਿੰਘ ਸੇਖੋਂ, ਜਗਦੇਵ ਸਿੰਘ ਮੈਂਬਰ, ਰਾਜ ਸਿੰਘ ਮੈਂਬਰ, ਹਰਜਿੰਦਰ ਸਿੰਘ ਮੈਂਬਰ, ਸਤਪਾਲ ਸਿੰਘ ਸੱਤਾ ਮੈਂਬਰ, ਹਰਦੇਵ ਸਿੰਘ ਦੇਬੀ ਮੈਂਬਰ, ਸੈਕਟਰੀ ਮੁਖਤਿਆਰ ਸਿੰਘ, ਕੇਵਲ ਸਿੰਘ ਸਤਿਕਾਰ ਕਮੇਟੀ, ਵਰਿੰਦਰ ਸਿੰਘ ਚਿੱਟਾ, ਪ੍ਰਧਾਨ ਹਰਜਿੰਦਰ ਸਿੰਘ ਖਾਲਸਾ ਸੁਖਮਨੀ ਸੁਸਾਇਟੀ, ਨਛੱਤਰ ਸਿੰਘ ਯੋਧਾ ਮੈਂਬਰ, ਪਰਗਟ ਸਿੰਘ ਬਰਾੜ ਮੈਂਬਰ, ਬਲਜਿੰਦਰ ਸਿੰਘ ਕਾਕਾ, ਗੁਰਜੰਟ ਸਿੰਘ ਜੰਟਾ, ਜਥੇਦਾਰ ਲਾਲ ਸਿੰਘ, ਤਰਸੇਮ ਸਿੰਘ, ਮਾ. ਅਮਨਦੀਪ ਸਿੰਘ, ਪ੍ਰਧਾਨ ਚਰਨਜੀਤ ਸਿੰਘ ਆਦਿ ਹਾਜ਼ਰ ਸਨ।